ਪੰਜਾਬ ਸਰਕਾਰ

ਸਿੱਖਿਆ ਵਿਭਾਗ

ਸਿੱਖਿਆ-6 ਸ਼ਾਖਾ

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ, ਐ.ਸਿੱ), ਨੋਟਿਸ ਬੋਰਡ ਰਾਹੀਂ
ਸਮੂਹ ਸਕੂਲ ਮੁੱਖੀ, ਵੈਬਸਾਈਟ ਰਾਹੀਂ
ਪੰਜਾਬ।

**ਮੀਮੋ ਨੰ :** 11/69/17-5ਸਿ6/1077885/1 **ਮਿਤੀ:** 04-10-17

**ਵਿਸ਼ਾ: ਗ੍ਰੀਨ ਦੀਵਾਲੀ ਮਨਾਉਣ ਬਾਰੇ ਜਾਗਰੂਕ ਕਰਨ ਸਬੰਧੀ।**

1.0 ਉਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਜਿਵੇਂ ਕਿ ਆਪ ਨੂੰ ਪਤਾ ਹੈ ਕਿ ਦੀਵਾਲੀ ਦਾ ਤਿਉਹਾਰ ਨਜਦੀਕ ਆ ਰਿਹਾ ਹੈ। ਦੀਵਾਲੀ ਦਾ ਤਿਉਹਾਰ ਪੂਰੇ ਦੇਸ਼ ਵਿੱਚ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਜਾਂਦਾ ਹੈ, ਲੋਕ ਇਸ ਦਿਨ ਇਕ ਦੂਸਰੇ ਨੂੰ ਮਿਠਾਈਆਂ ਵੰਡਦੇ ਹਨ, ਘਰਾਂ ਵਿੱਚ ਰੰਗੋਲੀ ਬਣਾਈ ਜਾਂਦੀ ਹੈ, ਸਾਰੇ ਘਰਾਂ ਨੂੰ ਲੜੀਆਂ ਨਾਲ ਸਜਇਆ ਜਾਂਦਾ ਹੈ ਅਤੇ ਬੱਚਿਆਂ ਵੱਲੋਂ ਇਸ ਦਿਨ ਖੂਬ ਪਟਾਖੇ ਅਤੇ ਆਤਿਸ਼ਬਾਜੀਆਂ ਚਲਾਈਆਂ ਜਾਂਦੀਆਂ ਹਨ। ਆਤਚਿਸ਼ਬਾਜੀਆਂ ਅਤੇ ਪਟਾਖਿਆਂ ਦੇ ਚਲਦੇ ਵਾਤਾਵਰਨ ਪ੍ਰਦੂਸ਼ਿਤ ਹੋ ਜਾਂਦਾ ਹੈ। ਕਈ ਵਾਰ ਅਜਿਹੇ ਹਾਦਸੇ ਵੀ ਵਾਪਰ ਜਾਂਦੇ ਹਨ ਜਿਸ ਨਾਲ ਜਾਨੀ ਅਤੇ ਮਾਲੀ ਨੁਕਸਾਨ ਵੀ ਹੁੰਦਾ ਹੈ। ਅਜਿਹੇ ਹਾਦਸਿਆਂ ਤੋਂ ਬਚਣ ਲਈ ਅਤੇ ਵਾਤਾਵਰਨ ਨੂੰ ਪ੍ਰਦੂਸ਼ਤ ਹੋਣ ਤੋਂ ਬਚਾਉਣ ਲਈ ਬੱਚਿਆਂ ਨੂੰ ਜਾਗਰੂਕ ਕਰਨ ਦੀ ਅਤਿਅੰਤ ਲੋੜ ਹੈ।

ਉਕਤ ਨੂੰ ਧਿਆਨ ਵਿੱਚ ਰੱਖਦੇ ਹੋਏ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ:

- ਸਵੇਰ ਦੀ ਸਭਾ ਵਿੱਚ ਵਿਦਿਆਰਥੀਆਂ ਨੂੰ ਪਟਾਖਿਆਂ ਨਾਲ ਹੋਣ ਵਾਲੇ ਵਾਤਾਵਰਨ ਪ੍ਰਦੂਸ਼ਿਤ ਅਤੇ ਜਾਨੀ/ਮਾਲੀ ਨੁਕਸਾਨ ਬਾਰੇ ਜਾਣਕਾਰੀ ਦਿੰਦੇ ਹੋਏ ਗਰੀਨ ਦੀਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ ਜਾਵੇ।
- ਵਿਦਿਆਰਥੀਆਂ ਵਿੱਚ ਗ੍ਰੀਨ ਦੀਵਾਲੀ ਸਬੰਧੀ ਜਾਗ੍ਰਤੀ ਪੈਦਾ ਕਰਨ ਲਈ ਬਿਜਲੀ ਦੀ ਬਜਾਏ ਮਿੱਟੀ ਦੇ ਦੀਵੇ ਬਾਲਣ ਲਈ, ਪੌਦੇ ਭੇਂਟ ਕਰਨ ਲਈ ਅਤੇ ਰੰਗੋਲੀ ਬਣਾਉਣ ਸਮੇਂ ਕੁਦਰਤੀ ਰੰਗਾਂ ਦੀ ਵਰਤੋਂ ਕਰਨ ਲਈ ਉਤਸਾਹਿਤ ਕੀਤਾ ਜਾਵੇ।
- ਉਕਤ ਹੁਕਮਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਸਕੱਤਰ,
ਸਕੂਲ ਸਿੱਖਿਆ,ਪੰਜਾਬ

**ਪਿੱਠ ਅੰਕਣ ਨੰ:-** ਓ23

**ਮਿਤੀ** 04-10-2017

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ

1. ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ
2. ਡੀ.ਪੀ.ਆਈ (ਸੈ.ਸਿੱ)
3. ਡੀ.ਪੀ.ਆਈ (ਐ.ਸਿੱ)
4. ਡਾਇਰੈਕਟਰ ਐਸ.ਸੀ.ਈ.ਆਰ.ਟੀ

ਸਕੱਤਰ,
ਸਕੂਲ ਸਿੱਖਿਆ,ਪੰਜਾਬ